# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ : 16-03-2026**

## <u>ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ</u>

- LPG ਲਿਆ ਰਿਹਾ ਸਮੁੰਦਰੀ ਜਹਾਜ਼, ਸ਼ਿਵਾਲਿਕ ਅੱਜ ਸ਼ਾਮ ਭਾਰਤ ਪਹੁੰਚ ਗਿਆ ਏ ।

- ਪੰਜਾਬ ਵਿਧਾਨ ਸਭਾ ਨੇ ਅੱਜ ਸ੍ਰੀ ਗੁਰੂ ਤੇਗ ਬਹਾਦਰ ਵਰਲਡ ਕਲਾਸ ਯੂਨੀਵਰਸਿਟੀ, ਪੰਜਾਬ ਬਿੱਲ, 2026 ਸਮੇਤ ਦੋ ਮਹੱਤਵਪੂਰਨ ਬਿੱਲ ਪਾਸ ਕੀਤੇ.

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਆਪਣੇ ਚਾਰ ਸਾਲਾਂ ਦੇ ਕਾਰਜਕਾਲ ਦਾ ਲੇਖਾ ਜੋਖਾ ਪੇਸ਼ ਕੀਤਾ.

- ਸਾਹਿਤ ਅਕਾਦਮੀ ਵਲੋਂ ਪੰਜਾਬੀ ਸਮੇਤ 24 ਭਾਰਤੀ ਭਾਸ਼ਾਵਾਂ ਵਿੱਚ ਸਾਲਾਨਾ ਸਾਹਿਤ ਅਕਾਦਮੀ ਅਵਾਰਡਾਂ ਦਾ ਐਲਾਨ. ਉਘੇ ਪੰਜਾਬੀ ਲੇਖਕ ਜਿੰਦਰ ਨੂੰ ਛੋਟੀਆਂ ਕਹਾਣੀਆਂ ਦੇ ਸੰਗ੍ਰਹਿ ਸੇਫਟੀ KIT ਲਈ ਇਹ award ਦਿੱਤਾ ਜਾਏਗਾ.

- ਭਾਰਤੀ ਮੌਸਮ ਵਿਭਾਗ ਨੇ ਅਗਲੇ ਦੋ ਤੋਂ ਤਿੰਨ ਦਿਨਾਂ ਦੌਰਾਨ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਤੇਜ਼ ਹਵਾਵਾਂ ਦੇ ਨਾਲ ਗਰਜ-ਤੂਫ਼ਾਨ ਦੀ ਪੇਸ਼ੀਨਗੋਈ ਕੀਤੀ ਏ।

## ਹੁਣ ਖਬਰਾਂ ਵਿਸਥਾਰ ਨਾਲ

LPG ਲਿਆ ਰਿਹਾ ਸਮੁੰਦਰੀ ਜਹਾਜ਼, ਸ਼ਿਵਾਲਿਕ ਅੱਜ ਸ਼ਾਮ ਭਾਰਤ ਪਹੁੰਚ ਗਿਆ ਏ । ਪਹਿਲਾਂ ਬੰਦਰਗਾਹਾਂ, ਜਹਾਜ਼ਰਾਨੀ ਅਤੇ ਜਲ ਮਾਰਗ ਮੰਤਰਾਲੇ ‘ਚ ਵਿਸ਼ੇਸ਼ ਸਕੱਤਰ ਰਾਜੇਸ਼ ਕੁਮਾਰ ਸਿਨਹਾ ਨੇ ਅੱਜ ਦੱਸਿਆ ਸੀ ਕਿ ਇਹ ਜਹਾਜ਼ ਅੱਜ ਸ਼ਾਮ ਭਾਰਤ ਪਹੁੰਚ ਰਿਹਾ ਏ । ਨਵੀਂ ਦਿੱਲੀ ਵਿੱਚ ਪੱਛਮੀ ਏਸ਼ੀਆ ਵਿੱਚ ਹਾਲੀਆ ਗਤੀਵਿਧੀਆਂ ਬਾਰੇ ਅੰਤਰ-ਮੰਤਰਾਲਾ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਸ਼੍ਰੀ ਸਿਨਹਾ ਨੇ ਦੱਸਿਆ ਕਿ ਭਾਰਤੀ

ਜਹਾਜ਼ ਨੰਦਾ ਦੇਵੀ ਕੱਲ੍ਹ ਪਹੁੰਚੇਗਾ। ਉਨ੍ਹਾਂ ਕਿਹਾ ਕਿ LPG ਲਿਆ ਰਹੇ ਜਹਾਜ਼ ਸ਼ਿਵਾਲਿਕ ਵਲੋਂ ਅੱਜ ਮਾਲ ਦੇ ਡਿਸਚਾਰਜ ਵਿੱਚ ਕੋਈ ਦੇਰੀ ਨਾ ਹੋਣ ਨੂੰ ਯਕੀਨੀ ਬਣਾਉਣ ਲਈ ਬੰਦਰਗਾਹ 'ਤੇ ਦਸਤਾਵੇਜ਼ਾਂ ਅਤੇ ਤਰਜੀਹੀ ਬਰਥਿੰਗ ਦਾ ਪ੍ਰਬੰਧ ਕੀਤਾ ਗਿਆ ਏ । ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ 'ਚ JOINT ਸਕੱਤਰ ਸੁਜਾਤਾ ਸ਼ਰਮਾ ਨੇ ਦੱਸਿਆ ਕਿ ਕੱਚਾ ਤੇਲ ਕਾਫ਼ੀ ਮਾਤਰਾ ਵਿੱਚ ਉਪਲਬਧ ਏ ਅਤੇ ਦੇਸ਼ ਭਰ ਵਿੱਚ ਸਾਰੀਆਂ ਰਿਫਾਇਨਰੀਆਂ ਆਪਣੀ ਵਧ ਤੋਂ ਵਧ ਸਮਰੱਥਾ ਨਾਲ ਕੰਮ ਕਰ ਰਹੀਆਂ ਨੇ. ਉਨ੍ਹਾਂ ਅੱਗੇ ਕਿਹਾ ਕਿ ਪੈਟਰੋਲ ਪੰਪ ਆਮ ਤੌਰ 'ਤੇ ਕੰਮ ਕਰ ਰਹੇ ਨੇ ਅਤੇ ਕਿਧਰੇ ਵੀ ਭੰਡਾਰ ਖਤਮ ਹੋਣ ਦੀ ਖਬਰ ਨਹੀਂ ਏ. ਉਨ੍ਹਾਂ ਕਿਹਾ ਕਿ ਕਾਲਾਬਾਜ਼ਾਰੀ ਅਤੇ ਜਮ੍ਹਾਂਖੋਰੀ ਨੂੰ ਰੋਕਣ ਲਈ ਨਿਰੀਖਣ ਕੀਤੇ ਜਾ ਰਹੇ ਨੇ. ਓਹਨਾਂ ਇਹ ਵੀ ਐਲਾਨ ਕੀਤਾ ਕਿ ਸਿਟੀ ਗੈਸ ਡਿਸਟ੍ਰੀਬਿਊਸ਼ਨ (CGD) ਕੰਪਨੀਆਂ ਜਿਨ੍ਹਾਂ ਵਿੱਚ IGL, MGL ਅਤੇ BPCL ਸ਼ਾਮਲ ਨੇ, ਪਾਈਪਡ ਨੈਚੁਰਲ ਗੈਸ ਦੀ ਚੋਣ ਕਰਨ ਲਈ ਕੁਝ  ਫਾਇਦੇ ਦੇ ਰਹੀਆਂ ਨੇ –

byte

---------------------------------------------------------------------

ਪੰਜਾਬ ਵਿਧਾਨ ਸਭਾ ਨੇ ਅੱਜ ਦੋ ਮਹੱਤਵਪੂਰਨ ਬਿੱਲ ਪਾਸ ਕੀਤੇ ਨੇ. ਇਨ੍ਹਾਂ ਵਿੱਚੋਂ ਪਹਿਲਾ ਬਿੱਲ, ਪੰਜਾਬ ਰੈਗੂਲੇਸ਼ਨ ਆਫ਼ ਕਰੱਸ਼ਰ ਯੂਨਿਟਸ ਅਤੇ ਸਟਾਕਿਸਟ ਐਂਡ ਰਿਟੇਲਰਜ਼ (ਸੋਧ) ਬਿੱਲ, 2026, ਪੰਜਾਬ ਦੇ ਜਲ ਸਰੋਤ ਤੇ ਖਣਨ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਪੇਸ਼ ਕੀਤਾ ਗਿਆ, ਜਿਸ ਨੂੰ ਸਦਨ ਨੇ ਬਹੁਮਤ ਨਾਲ ਪਾਸ ਕਰ ਦਿੱਤਾ। ਦੂਜਾ ਬਿੱਲ ਸ੍ਰੀ ਗੁਰੂ ਤੇਗ ਬਹਾਦਰ ਵਰਲਡ ਕਲਾਸ ਯੂਨੀਵਰਸਿਟੀ, ਪੰਜਾਬ ਬਿੱਲ, 2026 ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਪੇਸ਼ ਕੀਤਾ ਗਿਆ ਸੀ, ਜਿਸ ਨੂੰ ਸਦਨ ਨੇ ਸਰਬਸੰਮਤੀ ਨਾਲ ਪਾਸ ਕਰ ਦਿੱਤਾ। ਸਦਨ ਨੇ ਸਰਬਸੰਮਤੀ ਨਾਲ ਇੱਕ ਹੋਰ ਅਹਿਮ ਮਤਾ ਵੀ ਪਾਸ ਕੀਤਾ, ਜਿਸ ਵਿੱਚ ਕੇਂਦਰ ਸਰਕਾਰ ਨੂੰ ਉੱਘੇ ਦਲਿਤ ਨੇਤਾ ਅਤੇ ਸਮਾਜ ਸੁਧਾਰਕ ਸਾਹਿਬ ਸ੍ਰੀ ਕਾਂਸ਼ੀ ਰਾਮ ਨੂੰ ਦੇਸ਼ ਦਾ ਸਭ ਤੋਂ ਵੱਡਾ ਨਾਗਰਿਕ award, ਭਾਰਤ ਰਤਨ ਦੇਣ ਦੀ ਸਿਫਾਰਸ਼ ਕੀਤੀ ਗਈ

ਏ । ਸਦਨ ਨੇ ਵਿਰੋਧੀ ਧਿਰ ਦੇ ਨੇਤਾ (ਐਲ.ਓ.ਪੀ.) ਪ੍ਰਤਾਪ ਸਿੰਘ ਬਾਜਵਾ ਦੁਆਰਾ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਵਿਰੁੱਧ ਕੀਤੀਆਂ ਗਈਆਂ ਅਪਮਾਨਜਨਕ ਅਤੇ ਜਾਤੀਵਾਦੀ ਟਿੱਪਣੀਆਂ ਦੀ ਸਖ਼ਤ ਨਿਖੇਧੀ ਕਰਦਿਆਂ ਵੀ ਇੱਕ ਮਤਾ ਪਾਸ ਕੀਤਾ। ਇਹ ਮਤਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਵਲੋਂ ਪੇਸ਼ ਕੀਤਾ ਗਿਆ ਸੀ। ਇਸ ਤੋਂ ਇਲਾਵਾ ਸਾਲ 2026-27 ਲਈ ਚੁਣੀਆਂ ਗਈਆਂ ਕਮੇਟੀਆਂ ਦੇ ਗਠਨ ਬਾਰੇ ਇੱਕ ਮਤਾ ਵੀ ਸਦਨ ਵਿੱਚ ਲਿਆਂਦਾ ਗਿਆ।

---------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਏ ਕਿ ਉਨ੍ਹਾਂ ਦੀ ਸਰਕਾਰ ਨੇ ਆਪਣੇ ਕਾਰਜਕਾਲ ਦੇ ਚਾਰ ਸਾਲਾਂ ਦੇ ਅੰਦਰ-ਅੰਦਰ ਚੋਣਾਂ ਤੋਂ ਪਹਿਲਾਂ ਦੀਆਂ ਸਾਰੀਆਂ ਗਰੰਟੀਆਂ ਪੂਰੀਆਂ ਕਰ ਲਈਆਂ ਨੇ ਅਤੇ ਸੂਬਾ ਤਰੱਕੀ ਦੇ ਰਾਹ 'ਤੇ ਅੱਗੇ ਵਧ ਰਿਹਾ ਏ. ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਚਾਰ ਸਾਲ ਪੂਰੇ ਹੋਣ 'ਤੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਨੇ ਆਪਣੀ ਸਰਕਾਰ ਵਲੋਂ 5 ਸਾਲ ਦਾ ਕਾਰਜਕਾਲ ਪੂਰਾ ਹੋਣ ਤੋਂ

ਪਹਿਲਾਂ ਹੀ ਪੂਰੀਆਂ ਕੀਤੀਆਂ ਪ੍ਰਾਪਤੀਆਂ ਅਤੇ ਵਾਅਦਿਆਂ ਦਾ ਜ਼ਿਕਰ ਕੀਤਾ। ਮੁੱਖ ਮੰਤਰੀ ਨੇ ਆਪਣੀ ਸਰਕਾਰ ਦੀਆਂ ਹੁਣ ਤੱਕ ਦੀਆਂ ਪ੍ਰਾਪਤੀਆਂ ਬਾਰੇ ਇੱਕ ਕਿਤਾਬਚਾ ਵੀ ਜਾਰੀ ਕੀਤਾ। ਆਪਣੀ ਸਰਕਾਰ ਦੀਆਂ ਪ੍ਰਾਪਤੀਆਂ ਦੇ ਵੇਰਵੇ ਸਾਂਝੇ ਕਰਦਿਆਂ, ਸ਼੍ਰੀ ਮਾਨ ਨੇ ਘਰੇਲੂ ਖਪਤਕਾਰਾਂ ਨੂੰ 300 ਯੂਨਿਟ ਮੁਫ਼ਤ ਬਿਜਲੀ ਦੇਣ, ਕਿਸਾਨਾਂ ਨੂੰ ਦਿਨ ਵੇਲੇ ਬਿਜਲੀ ਦੇਣ, 'ਆਮ ਆਦਮੀ ਕਲੀਨਿਕ' ਖੋਲ੍ਹਣ, ਸਕੂਲਾਂ ਅਤੇ ਸਿੱਖਿਆ ਪ੍ਰਣਾਲੀ ਨੂੰ ਸੁਧਾਰਨ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਤੱਕ ਦਾ ਨਕਦ ਰਹਿਤ ਡਾਕਟਰੀ ਇਲਾਜ ਮੁਹੱਈਆ ਕਰਵਾਉਣ ਬਾਰੇ ਗੱਲ ਕੀਤੀ. ਬਾਅਦ ਵਿੱਚ, ਮੀਡੀਆ ਨਾਲ ਗੱਲਬਾਤ ਕਰਦਿਆਂ, ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵਿਦੇਸ਼ਾਂ ਵਿੱਚ ਬੈਠ ਕੇ ਪੰਜਾਬ ਵਿੱਚ ਅਪਰਾਧ ਕਰਨ ਵਾਲੇ ਗੈਂਗਸਟਰਾਂ ਨੂੰ ਵਾਪਸ ਲਿਆਉਣ ਲਈ ਗ੍ਰਿਹ ਮੰਤਰਾਲੇ ਅਤੇ ਵਿਦੇਸ਼ ਮੰਤਰਾਲੇ ਨਾਲ ਤਾਲਮੇਲ ਕਰ ਰਹੀ ਏ –

byte

ਸਕੂਲਾਂ ਅਤੇ ਹੋਰ ਸੰਸਥਾਵਾਂ ਨੂੰ ਮਿਲੀਆਂ ਬੰਬ ਧਮਕੀ ਵਾਲੀਆਂ ਈਮੇਲਾਂ ਅਤੇ ਕਾਲਾਂ 'ਤੇ, ਉਨ੍ਹਾਂ ਕਿਹਾ ਕਿ ਸੁਰੱਖਿਆ ਏਜੰਸੀਆਂ ਉਨ੍ਹਾਂ ਲੋਕਾਂ ਨੂੰ ਲੱਭਣ ਦੀ ਪੂਰੀ ਕੋਸ਼ਿਸ਼ ਕਰ ਰਹੀਆਂ ਨੇ ਜੋ ਮੁਸੀਬਤ ਪੈਦਾ ਕਰ ਰਹੇ ਨੇ. ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਖੇਤੀਬਾੜੀ ਨੀਤੀ 'ਤੇ ਕੰਮ ਕਰ ਰਹੀ ਏ ਅਤੇ ਇਸ ਨੂੰ ਜਲਦੀ ਤੋਂ ਜਲਦੀ ਲਿਆਉਣ ਲਈ ਹਿੱਸੇਦਾਰਾਂ ਅਤੇ ਖੇਤੀਬਾੜੀ-ਆਰਥਿਕ ਮਾਹਿਰਾਂ ਨਾਲ ਸਲਾਹ-ਮਸ਼ਵਰਾ ਕਰ ਰਹੀ ਏ। ਉਨ੍ਹਾਂ ਅੰਮ੍ਰਿਤਸਰ ਵਿੱਚ ਇੱਕ ਅੰਤਰਰਾਸ਼ਟਰੀ ਪੱਧਰ ਦਾ ਕ੍ਰਿਕੇਟ ਸਟੇਡੀਅਮ ਬਣਾਉਣ ਦਾ ਵੀ ਐਲਾਨ ਕੀਤਾ। ਇਸ ਦੌਰਾਨ, ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ ਨੇ ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ 'ਤੇ ਟਿੱਪਣੀ ਕਰਦੇ ਹੋਏ ਕਿਹਾ ਏ ਕਿ ਸਰਕਾਰ ਦੀਆਂ ਮੁੱਖ ਪ੍ਰਾਪਤੀਆਂ ਰਾਜ 'ਤੇ ਕਰਜ਼ੇ ਦਾ ਭਾਰੀ ਬੋਝ ਅਤੇ ਗੈਂਗਸਟਰਵਾਦ ਅਤੇ ਨਸ਼ਿਆਂ ਦਾ ਪਸਾਰ ਰਹੀਆਂ ਨੇ. ਜਾਖੜ ਨੇ ਅੱਗੇ ਕਿਹਾ ਕਿ ਮੁਫ਼ਤ ਅਤੇ ਸਸਤੀ ਬਿਜਲੀ ਦੇ ਬਹਾਨੇ, ਪੰਜਾਬ ਰਾਜ ਬਿਜਲੀ ਨਿਗਮ ਨੂੰ ਦੀਵਾਲੀਏਪਨ ਵੱਲ ਧੱਕਿਆ ਜਾ ਰਿਹਾ ਏ। ਭਾਜਪਾ ਪ੍ਰਧਾਨ ਨੇ ਇਹ ਵੀ ਇਲ੍ਜ਼ਾਮ

ਲਾਇਆ ਏ ਕਿ ਭ੍ਰਿਸ਼ਟਾਚਾਰ ਆਪਣੇ ਸਿਖਰ 'ਤੇ ਪਹੁੰਚ ਗਿਆ ਏ । ਉਨ੍ਹਾਂ ਕਿਹਾ ਕਿ ਸਮਾਜ ਦਾ ਹਰ ਵਰਗ ਸਰਕਾਰ ਤੋਂ ਨਾਖੁਸ਼ ਏ । ਸਰਕਾਰੀ ਮੁਲਾਜ਼ਮਾਂ ਨੂੰ ਉਨ੍ਹਾਂ ਦਾ ਮਹਿੰਗਾਈ ਭੱਤਾ ਨਹੀਂ ਮਿਲ ਰਿਹਾ ਏ, ਅਤੇ ਸਰਕਾਰ ਖੇਤੀਬਾੜੀ ਨੀਤੀ ਲਾਗੂ ਕਰਨ ਵਿੱਚ ਅਸਫਲ ਰਹੀ ਏ ।

---------------------------------------------------------------------

ਸਾਹਿਤ ਅਕਾਦਮੀ ਨੇ ਅੱਜ 24 ਭਾਰਤੀ ਭਾਸ਼ਾਵਾਂ ਵਿੱਚ ਆਪਣੇ ਸਾਲਾਨਾ ਸਾਹਿਤ ਅਕਾਦਮੀ ਅਵਾਰਡਾਂ ਦਾ ਐਲਾਨ ਕੀਤਾ ਏ । ਅਕਾਦਮੀ ਨੇ ਪ੍ਰਸਿੱਧ ਲੇਖਿਕਾ ਮਮਤਾ ਕਾਲੀਆ ਨੂੰ ਉਨ੍ਹਾਂ ਦੇ ਸੰਸਮਰਣ 'ਜੀਤੇ ਜੀ ਇਲਾਹਾਬਾਦ' ਲਈ ਅਤੇ ਪ੍ਰਸਿੱਧ ਰਾਜਦੂਤ ਨਵਤੇਜ ਸਰਨਾ ਨੂੰ ਉਨ੍ਹਾਂ ਦੇ ਅੰਗਰੇਜ਼ੀ ਨਾਵਲ 'Crimson Spring' ਲਈ ਸਾਹਿਤ ਅਕਾਦਮੀ award 2025 ਪ੍ਰਦਾਨ ਕਰਨ ਦਾ ਐਲਾਨ ਕੀਤਾ ਏ । ਸੱਭਿਆਚਾਰ ਮੰਤਰਾਲੇ ਨੇ ਦੱਸਿਆ ਏ ਕਿ ਇਸ ਸਾਲ ਅੱਠ ਕਾਵਿ ਸੰਗ੍ਰਹਿ, ਚਾਰ ਨਾਵਲ, ਛੇ ਛੋਟੀਆਂ ਕਹਾਣੀਆਂ ਅਤੇ ਦੋ ਲੇਖਾਂ ਨੂੰ ਸਾਹਿਤ ਅਕਾਦਮੀ award 2025 ਪ੍ਰਦਾਨ ਕੀਤੇ ਗਏ ਨੇ. ਪੰਜਾਬੀ ਭਾਸ਼ਾ ਲਈ ਉਘੇ ਲੇਖਕ ਜਿੰਦਰ ਨੂੰ

ਓਹਨਾਂ ਦੇ ਛੋਟੀ ਕਹਾਣੀਆਂ ਦੇ ਸੰਗ੍ਰਹਿ ਸੇਫਟੀ KIT ਲਈ ਇਹ award ਪ੍ਰਦਾਨ ਕਰਨ ਦਾ ਐਲਾਨ ਕੀਤਾ ਗਿਆ ਏ. ਇਸ ਦੌਰਾਨ, ਇੱਕ ਸਾਹਿਤਕ ਆਲੋਚਨਾ, ਇੱਕ ਆਤਮਕਥਾ ਅਤੇ ਦੋ ਸੰਸਮਰਣਾ ਨੂੰ ਵੀ ਇਸ award ਲਈ ਚੁਣਿਆ ਗਿਆ ਏ । ਮੰਤਰਾਲੇ ਨੇ ਦੱਸਿਆ ਕਿ ਚੁਣੇ ਗਏ ਸਾਰੇ award ਜੇਤੂਆਂ ਨੂੰ ਇੱਕ ਲੱਖ ਰੁਪਏ ਦੀ ਰਕਮ ਦੇ ਨਾਲ-ਨਾਲ ਇੱਕ ਉੱਕਰੀ ਹੋਈ ਤਾਂਬੇ ਦੀ ਤਖ਼ਤੀ ਵੀ ਪ੍ਰਦਾਨ ਕੀਤੀ ਜਾਵੇਗੀ। ਇਹ AWARD ਇਸ ਮਹੀਨੇ ਦੀ 31 ਤਰੀਕ ਨੂੰ ਨਵੀਂ ਦਿੱਲੀ ਵਿੱਚ ਦਿੱਤੇ ਜਾਣਗੇ ।

----------------------------------------------------------------------

ਜਲੰਧਰ ਦੇ ਸਮਸਤਪੁਰ ਸਥਿਤ ਇੱਕ ਗੋਦਾਮ ਵਿਚ ਰਖੀ ਗਈ ਕਰੋੜਾਂ ਰੁਪਏ ਦੀ ਕਣਕ ਖਰਾਬ ਹੋਣ ਦੇ ਸੰਬੰਧ ਵਿਚ ਫੂਡ ਸਪਲਾਈ ਵਿਭਾਗ ਦੇ ਸੰਬੰਧ ਵਿਚ ਫੂਡ ਇੰਸਪੈਕਟਰਾਂ ਨੂੰ ਮੁਅੱਤਲ ਕਰ ਦਿੱਤਾ ਗਿਆ ਏ. ਦੋਵਾਂ ਉੱਤੇ ਡਿਉਟੀ ਦੌਰਾਨ ਲਾਪਰਵਾਹੀ ਦੇ ਦੋਸ਼ ਨੇ. ਉਚ ਅਧਿਕਾਰਿਕ ਹਲਕਿਆਂ ਮੁਤਾਬਿਕ ਵਿਭਾਗ ਵਲੋਂ ਅਗਲੇਰੀ ਕਾਰਵਾਈ ਵੀ ਜਾਰੀ ਰਹੇਗੀ.

---------------------------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦਾ ਕਹਿਣਾ ਏ ਕਿ ਪੰਜਾਬ ਸਰਕਾਰ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਏ ਅਤੇ ਰਾਜ ਦੇ ਆਂਗਣਵਾੜੀ ਕੇਂਦਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕਰ ਰਹੀ ਏ। ਇਸ ਦੇ ਨਾਲ ਹੀ ਬੱਚਿਆਂ ਲਈ ਸਵੱਛਤਾ ਸਹੂਲਤਾਂ ਵਿੱਚ ਸੁਧਾਰ ਕਰਕੇ ਉਨ੍ਹਾਂ ਲਈ ਸਾਫ਼-ਸੁਥਰਾ, ਸੁਰੱਖਿਅਤ ਅਤੇ ਸਿਹਤਮੰਦ ਮਾਹੌਲ ਯਕੀਨੀ ਬਣਾਉਣ ਵੱਲ ਖਾਸ ਧਿਆਨ ਦਿੱਤਾ ਜਾ ਰਿਹਾ ਏ। ਡਾ. ਬਲਜੀਤ ਕੌਰ ਨੇ ਇਹ ਵੀ ਦੱਸਿਆ ਕਿ ਦਿਹਾਤੀ ਇਲਾਕਿਆਂ ਦੇ 2 ਹਜ਼ਾਰ 162 ਆਂਗਣਵਾੜੀ ਕੇਂਦਰਾਂ ਵਿੱਚ ਬੱਚਿਆਂ ਲਈ ਨਵੇਂ ਟਾਇਲਟ ਬਣਾਏ ਜਾਣਗੇ, ਜਿਨ੍ਹਾਂ ’ਤੇ ਲਗਭਗ 7. ਕਰੋੜ 78 ਲਖ ਰੁਪਏ ਦੀ ਲਾਗਤ ਆਵੇਗੀ।

---------------------------------------------------------------------------

ਸਾਬਕਾ ਫੌਜੀਆਂ ਨੂੰ ਸਿਵਲੀਅਨ ਕਾਰਜ ਬਲ ਵਿੱਚ ਮੁੜ ਸ਼ਾਮਲ ਕਰਨ ਅਤੇ ਉਨ੍ਹਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਦੇ ਇੱਕ ਮਹੱਤਵਪੂਰਨ ਯਤਨ ਵਿੱਚ, ਸਾਬਕਾ ਸੈਨਿਕ ਭਲਾਈ ਵਿਭਾਗ

(MoD) ਦੇ ਮੁੜ ਵਸੇਬੇ ਬਾਰੇ ਡਾਇਰੈਕਟੋਰੇਟ ਜਨਰਲ ਵਲੋਂ, ਭਲਕੇ 17 ਮਾਰਚ ਨੂੰ ਏਅਰ ਫੋਰਸ ਸਟੇਸ਼ਨ, ਚੰਡੀਗੜ੍ਹ ,ਅਰਜਨ ਸਿੰਘ ਆਡੀਟੋਰੀਅਮ, 12 ਵਿੰਗ ਵਿਖੇ ਸਵੇਰੇ 7 ਵਜੇ ਤੋਂ ਸਾਬਕਾ ਫੌਜੀਆਂ ਲਈ ਇੱਕ ਰੁਜ਼ਗਾਰ ਮੇਲਾ ਕਰਾਇਆ ਜਾ ਰਿਹਾ ਏ। ਇਹ ਸਮਾਗਮ ਸਨਅਤ ਅਤੇ ਸਾਬਕਾ ਫੌਜੀਆਂ ਵਿਚਕਾਰ ਭਾਈਵਾਲੀ ਨੂੰ ਮਜ਼ਬੂਤ ਕਰਨ ਅਤੇ ਸਾਬਕਾ ਫੌਜੀਆਂ ਲਈ ਰੁਜ਼ਗਾਰ ਦੇ ਮੌਕੇ ਵਧਾਉਣ ਦੇ ਮਹੱਤਵ ਨੂੰ ਉਜਾਗਰ ਕਰਦਾ ਏ।

---

- LPG ਲਿਆ ਰਿਹਾ ਸਮੁੰਦਰੀ ਜਹਾਜ਼, ਸ਼ਿਵਾਲਿਕ ਅੱਜ ਸ਼ਾਮ ਭਾਰਤ ਪਹੁੰਚ ਗਿਆ ਏ।

- ਪੰਜਾਬ ਵਿਧਾਨ ਸਭਾ ਨੇ ਅੱਜ ਸ੍ਰੀ ਗੁਰੂ ਤੇਗ ਬਹਾਦਰ ਵਰਲਡ ਕਲਾਸ ਯੂਨੀਵਰਸਿਟੀ, ਪੰਜਾਬ ਬਿੱਲ, 2026 ਸਮੇਤ ਦੋ ਮਹੱਤਵਪੂਰਨ ਬਿੱਲ ਪਾਸ ਕੀਤੇ.

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਆਪਣੇ ਚਾਰ ਸਾਲਾਂ ਦੇ ਕਾਰਜਕਾਲ ਦਾ ਲੇਖਾ ਜੋਖਾ ਪੇਸ਼ ਕੀਤਾ.

- ਸਾਹਿਤ ਅਕਾਦਮੀ ਵਲੋਂ ਪੰਜਾਬੀ ਸਮੇਤ 24 ਭਾਰਤੀ ਭਾਸ਼ਾਵਾਂ ਵਿੱਚ ਸਾਲਾਨਾ ਸਾਹਿਤ ਅਕਾਦਮੀ ਅਵਾਰਡਾਂ ਦਾ ਐਲਾਨ. ਉਘੇ ਪੰਜਾਬੀ ਲੇਖਕ ਜਿੰਦਰ ਨੂੰ ਛੋਟੀਆਂ ਕਹਾਣੀਆਂ ਦੇ ਸੰਗ੍ਰਹਿ ਸੇਫਟੀ KIT ਲਈ ਇਹ award ਦਿੱਤਾ ਜਾਏਗਾ.

- ਭਾਰਤੀ ਮੌਸਮ ਵਿਭਾਗ ਨੇ ਅਗਲੇ ਦੋ ਤੋਂ ਤਿੰਨ ਦਿਨਾਂ ਦੌਰਾਨ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਤੇਜ਼ ਹਵਾਵਾਂ ਦੇ ਨਾਲ ਗਰਜ-ਤੂਫ਼ਾਨ ਦੀ ਪੇਸ਼ੀਨਗੋਈ ਕੀਤੀ ਏ।

------------------------------------------------------------

**<u>ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ</u>**

**<u>ਨਮਸਕਾਰ !</u>**